ਨੰ : ਸੀ. ਸਹਾਇਕ (ਅਮਲਾ)/ ਆਰ.ਟੀ.ਆਈ.ਅਪੀਲ/ ਸੰ:ਰ:ਜ:/ 321 ਮਿਤੀ : 18-3-2020

ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

E-15983।

ਸੇਵਾ ਵਿਖੇ,

ਰਜਿਸਟਰਾਰ,
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ੍ਹ।

ਵਿਸ਼ਾ :- ਆਰ.ਟੀ.ਆਈ.ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ ਆੱਨ ਲਾਈਨ ਕਰਨ ਬਾਰੇ।

ਆਰ.ਟੀ.ਆਈ. ਸ਼ਾਖਾ
ਡਾਇਰੀ ਨੰ. 355
ਮਿਤੀ 3-6-2020

<u>ਯਾਦ ਪੱਤਰ :</u>

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਰਣਧੀਰ ਸਿੰਘ ਪੁੱਤਰ ਸ੍ਰੀ ਗੁਰਦਾਸਪੁਰ ਸਿੰਘ, ਪਿੰਡ ਤੇ ਡਾਕ: ਕਰਨਾਣਾ, ਤਹਿ: ਤੇ ਜ਼ਿਲ੍ਹਾ <u>ਸ਼ਹੀਦ ਭਗਤ ਸਿੰਘ ਨਗਰ</u> - 14[illegible]13, ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਰਾਹੀਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਇਸ ਅਪੀਲ ਦਾ ਫੈਸਲਾ ਇਸ ਅਦਾਲਤ ਵਲੋਂ ਮਿਤੀ : 12.02.2020 ਨੂੰ ਕਰ ਦਿੱਤਾ ਗਿਆ ਹੈ।

ਡਾਇਰੈਕਟਰ, ਪ੍ਰਸ਼ਾਸਨਿਕ ਸੁਧਾਰ, ਪੰਜਾਬ (ਆਰ.ਟੀ.ਆਈ., ਨੋਡਲ ਸੈਲ- ਪੰਜਾਬ ਸਿਵਲ ਸਕੱਤਰੇਤ-2) ਸੈਕਟਰ-9, ਚੰਡੀਗੜ੍ਹ ਜੀ ਵਲੋਂ ਜਾਰੀ ਪੱਤਰ ਨੰ : ਅੰ: ਵਿ: ਪੱ ਨੰ :51/8/ 2014/2 ਆਰ.ਟੀ.ਆਈ.ਐਨ.ਸੀ./ 162, ਮਿਤੀ : 29.06.2015, ਜੋ ਮੁੱਖ-ਦਫਤਰ ਦੇ ਪਿੱਠ ਅੰਕਣ ਨੰ : ਅਮਲਾ/ ਅਸਗ-2/ਆਰ.ਟੀ.ਆਈ./ 7698, ਮਿਤੀ : 29.06.2015 ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਇਆ, ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਰਣਧੀਰ ਸਿੰਘ (ਅਪੀਲਕਰਤਾ) ਵਲੋਂ ਦਾਇਰ ਕੀਤੀ ਗਈ ਅਪੀਲ ਅਤੇ ਇਸ ਅਦਾਲਤ ਵਲੋਂ ਕੀਤੇ ਗਏ ਫੈਸਲਾ ਮਿਤੀ: 12.02.2020 ਦੀ ਤਸਦੀਕਸ਼ੁਦਾ ਕਾਪੀ ਇਸ ਨਾਲ ਨੱਥੀ ਕਰਕੇ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਦਸਤਾਵੇਜ਼ ਵਿਭਾਗ ਦੀ ਵੈਬ-ਸਾਈਟ ਤੇ ਆੱਨ ਲਾਈਨ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।

ਸਹਿਪੱਤਰ/ ਉਪਰੋਕਤ ਅਨੁਸਾਰ।

ਸੰਯੁਕਤ ਰਜਿਸਟਰਾਰ
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

Recd AP

FORM D
[See Rule 7 (1)]
**Form of Memorandum of Appeal to the first Appellate Authority under section 19 (1) of the Act**

From

RANDHIR SINGH S/O SH. GURDAS SINGH
R/O VPO. KARNANA, DISTT.S.B.S. NAGAR.

3958
30/12/19

Before

**The First Appellate Authority**
**JOINT REGISTRAR,**
**COOPERATIVE SOCIETIES, JALANDHAR**

1. Full name of the Appellant — RANDHIR SINGH S/O SH. GURDAS SINGH
2. Address — VPO. KARNANA (S.B.S. NAGAR)-144513
3. Particulars of Public Information Officer — DEPUTY REGISTRAR, COOPERATIVE SOCIETIES, DISTT. S.B.S. NAGAR

[redacted] Date of receipt of the order appealed against — 20/11/2019

5. Last date for filling the appeal — 19/12/2019

6. Particulars of information
(a) Nature of subject matter of the information required

| |
|---|
| To obtain the Inspection Report of the Karnana Multipurpose Cooperative Soc. Ltd. Karnana for the year 2014-15, 2015-16, 2016-17 & 2017-18, 2018-2019 inspected by Inspector/Asstt. Registrar/Deputy Registrar Cooperative Societies, Nawanshahr (S.B.S. NAGAR) |

(b) Name of the office or Department to which the information relates: The Karnana M.P.C.S. Ltd. Karnana

7. The grounds for appeal — Not supplied any information
(Details items to be enclosed in separate sheet)

**VERIFICATION**

[redacted] I, RANDHIR SINGH Son of Shri GURDAS SINGH hereby declare that the particulars furnished in the appeal are to the best of my knowledge and belief, true and correct and that I have not suppressed any material fact.

Place: NAWANSHAHR

Date : 26/12/2019

Signature of the Appellant

(Mob. No. 98150-66012)

To
**JOINT REGISTRAR,**
**COOPERATIVE SOCIETIES, JALANDHAR**
(Name and address of Appellate Authority)

ਨੰ : ਸੀ. ਸਹਾਇਕ (ਅਮਲਾ)/ ਸੰ:ਰ:ਜ:/ ...1791-92...                    ਮਿਤੀ : 18-2-2020

ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਵੱਲ,

1. ਸ੍ਰੀ ਰਣਧੀਰ ਸਿੰਘ ਪੁੱਤਰ ਸ੍ਰੀ ਗੁਰਦਾਸ ਸਿੰਘ,
   ਪਿੰਡ ਤੇ ਡਾਕ: ਕਰਨਾਣਾ,
   ਤਹਿ: ਤੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ-144513.
2. ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ),
   ਸਹਿਕਾਰੀ ਸਭਾਵਾਂ ਸ਼ਹੀਦ ਭਗਤ ਸਿੰਘ ਨਗਰ।

ਵਿਸ਼ਾ :- ਰਾਈਟ ਟੂ ਇਨਫਰਮੇਸ਼ਨ ਐਕਟ-2005 ਦੇ ਸੈਕਸ਼ਨ 19 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ (ਵਲੋਂ ਸ੍ਰੀ ਰਣਧੀਰ ਸਿੰਘ ਪੁੱਤਰ ਸ੍ਰੀ ਗੁਰਦਾਸ ਸਿੰਘ)।

ਹੁੱਕਮ :

ਮਿਸਲ ਸੁਣਵਾਈ ਲਈ ਪੇਸ਼ ਹੋਈ। ਅਪੀਕਰਤਾ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਦਰਖਾਸਤ ਮਿਤੀ : 20.11.2019 ਰਾਹੀਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਸ਼ਹੀਦ ਭਗਤ ਸਿੰਘ ਨਗਰ ਪਾਸੋਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਨ ਕਾਰਨ ਦਰਖਾਸਤ ਮਿਤੀ : 26.12.2019 (ਜੋ ਮਿਤੀ : 30.12.2019 ਨੂੰ ਇਸ ਦਫਤਰ ਵਿੱਚ ਰਸੀਟ ਹੋਈ) ਰਾਹੀਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਦੇ ਸੈਕਸ਼ਨ 19 ਤਹਿਤ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ। ਅਪੀਲਕਰਤਾ ਵਲੋਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਸ਼ਹੀਦ ਭਗਤ ਸਿੰਘ ਨਗਰ ਪਾਸੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਅਨੁਸਾਰ ਦੀ ਕਰਨਾਣਾ ਸਹਿਕਾਰੀ ਖੇਤੀਬਾੜੀ ਬਹੁਮੰਤਵੀ ਸੇਵਾ ਸਭਾ ਲਿਮ: ਕਰਨਾਣਾ ਦੇ ਸਾਲ 2014-15, 2015-16, 2016-17, 2017-18 ਅਤੇ 2018-19 ਦੇ ਨਰੀਖਕ/ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਨਵਾਂਸ਼ਹਿਰ/ ਉਪ-ਰਜਿਸਟਰਾਰ ਸਹਿਕਾਰੀ ਸਭਾਵਾਂ ਸ਼ਹੀਦ ਭਗਤ ਸਿੰਘ ਨਗਰ ਵਲੋਂ ਕੀਤੇ ਨਰੀਖਣਾਂ ਸਬੰਧੀ ਨਰੀਖਣ ਨੋਟਾਂ ਦੀ ਨਕਲ ਲੈਣ ਵਾਸਤੇ ਅਪਲਾਈ ਕੀਤਾ ਗਿਆ ਸੀ, ਪਰੰਤੂ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਪਬਲਿਕ ਇਨਫਰਮੇਸ਼ਨ ਅਫਸਰ ਵਲੋਂ ਉਸਨੂੰ ਸਪਲਾਈ ਨਹੀਂ ਕੀਤੀ ਗਈ।

ਅਪੀਲ ਦੀ ਸੁਣਵਾਈ ਵਾਸਤੇ ਦੋਵੇਂ ਧਿਰਾਂ ਨੂੰ ਨੋਟਿਸ ਜਾਰੀ ਕੀਤਾ ਗਿਆ ਅਤੇ ਵੱਖ-ਵੱਖ ਮਿਤੀਆਂ ਨੂੰ ਅਪੀਲ ਦੀ ਸੁਣਵਾਈ ਕੀਤੀ ਗਈ।

.........2........

ਮਿਤੀ : 12.02.2020 ਨੂੰ ਅਪੀਲ ਦੀ ਸੁਣਵਾਈ ਦੌਰਾਨ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਸ਼ਹੀਦ ਭਗਤ ਸਿੰਘ ਨਗਰ ਦੇ ਬੀਹਾਫ ਤੇ ਸ੍ਰੀ ਸ਼ੇਰ ਸਿੰਘ, ਸੀਨੀਅਰ ਸਹਾਇਕ ਦਫਤਰ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਨਵਾਂਸ਼ਹਿਰ ਹਾਜਰ ਆਇਆ। ਕਰਮਚਾਰੀ ਵਲੋਂ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਸ਼ਹੀਦ ਭਗਤ ਸਿੰਘ ਨਗਰ ਵਲੋਂ ਦਿੱਤਾ ਗਿਆ ਜਵਾਬ ਮਿਤੀ : 12.2.2020 ਪੇਸ਼ ਕੀਤਾ ਗਿਆ। ਜਵਾਬ ਅਨੁਸਾਰ ਪ੍ਰਾਰਥੀ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਮਿਤੀ : 21.11.2019 ਨੂੰ ਉਨ੍ਹਾਂ (ਪਬਲਿਕ ਇਨਫਰਮੇਸ਼ਨ ਅਫਸਰ) ਦੇ ਦਫਤਰ ਵਿੱਚ ਪ੍ਰਾਪਤ ਹੋਈ, ਜੋ ਕਿ ਉਨ੍ਹਾਂ (ਪਬਲਿਕ ਇਨਫਰਮੇਸ਼ਨ ਅਫਸਰ) ਦੇ ਦਫਤਰ ਵਲੋਂ ਪੱਤਰ ਨੰ : 2619, ਮਿਤੀ : 21.11.2019 ਰਾਹੀਂ ਸੂਚਨਾ ਭੇਜਣ ਲਈ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਨਵਾਂਸ਼ਹਿਰ ਨੂੰ ਭੇਜ ਦਿੱਤੀ ਗਈ। ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਨਵਾਂਸ਼ਹਿਰ ਵਲੋਂ ਆਪਣੇ ਦਫਤਰ ਦੇ ਰਿਕਾਰਡ ਦੀ ਘੋਖ ਕਰਨ ਉਪਰੰਤ ਰਿਪੋਰਟ ਕੀਤੀ ਗਈ ਕਿ ਪ੍ਰਾਰਥੀ ਵਲੋਂ ਮੰਗੀ ਗਈ ਸੂਚਨਾ ਉਨ੍ਹਾਂ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਦੇ ਦਫਤਰ ਵਿੱਚ ਮੌਜੂਦ ਨਹੀਂ ਹੈ। ਇਹ ਰਿਪੋਰਟ ਉਨ੍ਹਾਂ (ਪਬਲਿਕ ਇਨਫਰਮੇਸ਼ਨ ਅਫਸਰ) ਦੇ ਦਫਤਰ ਦੇ ਪੱਤਰ ਨੰ : 145, ਮਿਤੀ : 15.01.2020 ਅਤੇ ਪੱਤਰ ਨੰ : 187, ਮਿਤੀ : 20.01.2020 ਰਾਹੀਂ ਸ੍ਰੀ ਰਣਧੀਰ ਸਿੰਘ, ਪ੍ਰਾਰਥੀ ਨੂੰ ਭੇਜ ਦਿੱਤੀ ਗਈ। ਪਬਲਿਕ ਇਨਫਰਮੇਸ਼ਨ ਅਫਸਰ ਵਲੋਂ ਆਪਣੇ ਜਵਾਬ ਵਿੱਚ ਇਹ ਵੀ ਲਿਖਿਆ ਗਿਆ ਹੈ ਕਿ ਅਪੀਲਕਰਤਾ ਦੀ ਦਰਖਾਸਤ ਮਿਤੀ : 20.11.2019 ਅਨੁਸਾਰ ਮੰਗੀ ਗਈ ਸੂਚਨਾ ਦਫਤਰ ਉਪ-ਰਜਿਸਟਰਾਰ ਸਹਿਕਾਰੀ ਸਭਾਵਾਂ ਸ਼ਹੀਦ ਭਗਤ ਸਿੰਘ ਨਗਰ ਅਤੇ ਸਹਾਇਕ ਰਜਿਸਟਰਾਰ ਸਹਿਕਾਰੀ ਸਭਾਵਾਂ ਨਵਾਂਸ਼ਹਿਰ ਦਫਤਰ ਵਿੱਚ ਉਪਲਬੱਧ ਨਾ ਹੋਣ ਕਾਰਨ ਨਹੀਂ ਦਿੱਤੀ ਜਾ ਸਕੀ। ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਸ਼ਹੀਦ ਭਗਤ ਸਿੰਘ ਨਗਰ ਵਲੋਂ ਅਪੀਲਕਰਤਾ ਦੀ ਅਪੀਲ ਦਾਖਲ ਦਫਤਰ ਕਰਨ ਲਈ ਬੇਨਤੀ ਕੀਤੀ ਗਈ ਹੈ।

ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਸ਼ਹੀਦ ਭਗਤ ਸਿੰਘ ਨਗਰ ਵਲੋਂ ਦਿੱਤੇ ਗਏ ਜਵਾਬ ਮਿਤੀ : 12.02.2020 ਅਨੁਸਾਰ ਅਪੀਲਕਰਤਾ ਵਲੋਂ ਦਰਖਾਸਤ ਮਿਤੀ : 20.11.2019 ਰਾਹੀਂ ਮੰਗੀ ਗਈ ਸੂਚਨਾ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਸ਼ਹੀਦ ਭਗਤ ਸਿੰਘ ਨਗਰ ਅਤੇ ਸਹਾਇਕ ਰਜਿਸਟਰਾਰ (ਅਸਿਸਟੈਂਟ ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਨਵਾਂਸ਼ਹਿਰ ਦੇ ਦਫਤਰ ਵਿੱਚ ਉਪਲਬੱਧ ਨਾ ਹੋਣ ਕਾਰਨ ਪ੍ਰਾਰਥੀ ਨੂੰ ਮੁਹੱਈਆ ਨਹੀਂ ਕਰਵਾਈ ਜਾ ਸਕੀ।

ਉਪਰੋਕਤ ਨੂੰ ਮੁੱਖ ਰੱਖਦੇ ਅਪੀਲ ਦਾਖਲ ਦਫਤਰ ਕੀਤੀ ਜਾਂਦੀ ਹੈ।

ਮਿਤੀ : 12.02.2020.

ਸੰਯੁਕਤ ਰਜਿਸਟਰਾਰ
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਸੰਯੁਕਤ ਰਜਿਸਟਰਾਰ ਸਹਿਕਾਰੀ ਜਲੰਧਰ ਡਵੀ